ਪ੍ਰਭਾਤੀ ਮਹਲਾ ੫ ਘਰੁ ੨ ਬਿਭਾਸ ੴ ਸਤਿਗੁਰ ਪ੍ਰਸਾਦਿ ॥ ਅਵਰੁ ਨ ਦੂਜਾ ਠਾਉ ॥ ਨਾਹੀ ਬਿਨੁ ਹਰਿ ਨਾਉ ॥ ਸਰਬ ਸਿਧਿ ਕਲਿਆਨ ॥ ਪੂਰਨ ਹੋਹਿ ਸਗਲ ਕਾਮ ॥੧॥ ਹਰਿ ਕੋ ਨਾਮੁ ਜਪੀਐ ਨੀਤ ॥ ਕਾਮ ਕ੍ਰੋਧ ਅਹੰਕਾਰੁ ਬਿਨਸੈ ਲਗੈ ਏਕੈ ਪ੍ਰੀਤਿ ॥ ੧॥ ਰਹਾਉ ॥ ਨਾਮਿ ਲਾਗੈ ਦੂਖੁ ਭਾਗੈ ਸਰਨਿ ਪਾਲਨ ਜੋਗੁ ॥ ਸਤਿਗੁਰੁ ਭੇਟੈ ਜਮੁ ਨ ਤੇਟੈ ਜਿਸੁ ਧੁਰਿ ਹੋਵੈ ਸੰਜੋਗੁ ॥ ੨॥ ਰੈਨਿ ਦਿਨਸੁ ਧਿਆਇ ਹਰਿ ਹਰਿ ਤਜਹੁ ਮਨ ਕੇ ਭਰਮ ॥ ਸਾਧਸੰਗਤਿ ਹਰਿ ਮਿਲੈ ਜਿਸਹਿ ਪੂਰਨ ਕਰਮ ॥ ੩॥ ਜਨਮ ਜਨਮ ਬਿਖਾਦ ਬਿਨਸੇ ਰਾਖਿ ਲੀਨੇ ਆਪਿ ॥ ਮਾਤ ਪਿਤਾ ਮੀਤ ਭਾਈ ਜਨ ਨਾਨਕ ਹਰਿ ਹਰਿ ਜਾਪਿ ॥੪॥੧॥੧੩॥ {ਪੰਨਾ 1341}

ਪਦ ਅਰਥ:- ਅਵਰੁ—(Apr) ਹੋਰ। ਠਾਉ—ਥਾਂ, ਆਸਰਾ। ਸਰਬ ਸਿਧਿ—ਸਾਰੀਆਂ ਸਿਧੀਆਂ। ਸਰਬ ਕਲਿਆਨ—ਸਾਰੇ ਸੁਖ। ਪੂਰਨ ਹੋਹਿ—ਪੂਰੇ ਹੋ ਜਾਂਦੇ ਹਨ (ਬਹੁ-ਵਚਨ)। ਕਾਮ—ਕੰਮ।1।

ਕੋ—ਦਾ। ਜਪੀਐ—ਜਪਣਾ ਚਾਹੀਦਾ ਹੈ। ਨੀਤ—ਨਿੱਤ, ਸਦਾ। ਬਿਨਸੈ—ਨਾਸ ਹੋ ਜਾਂਦਾ ਹੈ। ਏਕੈ ਪ੍ਰੀਤਿ—ਇਕ ਪਰਮਾਤਮਾ ਦਾ ਹੀ ਪਿਆਰ।1। ਰਹਾਉ।

ਨਾਮਿ—ਨਾਮ ਵਿਚ। ਭਾਗੈ—ਦੂਰ ਹੋ ਜਾਂਦਾ ਹੈ। ਸਰਨਿ ਪਾਲਨ ਜੋਗੁ—ਸਰਨ ਪਏ ਦੀ ਰੱਖਿਆ ਕਰ ਸਕਣ ਵਾਲਾ ਪ੍ਰਭੂ। ਭੇਟੈ—ਮਿਲਦਾ ਹੈ। ਨ ਤੇਟੈ—ਜ਼ੋਰ ਨਹੀਂ ਪਾ ਸਕਦਾ। ਧੁਰਿ—ਧੁਰ-ਦਰਗਾਹ ਤੋਂ। ਸੰਜੋਗੁ—(ਗੁਰੂ ਨਾਲ) ਮਿਲਾਪ ਦਾ ਅਵਸਰ।2।

ਰੈਨਿ—ਰਾਤ। ਤਜਹੁ—ਛੱਡੋ। ਭਰਮ—ਭਟਕਣਾ। ਮਿਲੈ—ਮਿਲਦਾ ਹੈ। ਜਿਸਹਿ—ਜਿਸ ਦੇ। ਕਰਮ—ਭਾਗ।3।

ਬਿਖਾਦ—(iv—wd) ਦੁੱਖ-ਕਲੇਸ਼। ਜਾਪਿ—ਜਪਿਆ ਕਰ।4।

ਅਰਥ:- ਹੇ ਭਾਈ! ਪਰਮਾਤਮਾ ਦਾ ਨਾਮ ਸਦਾ ਜਪਣਾ ਚਾਹੀਦਾ ਹੈ। (ਜਿਹੜਾ ਮਨੁੱਖ ਜਪਦਾ ਹੈ ਉਸ ਦੇ ਅੰਦਰੋਂ) ਕਾਮ ਕ੍ਰੋਧ ਅਹੰਕਾਰ (ਆਦਿਕ ਹਰੇਕ ਵਿਕਾਰ) ਨਾਸ ਹੋ ਜਾਂਦਾ ਹੈ, (ਉਸ ਦੇ ਅੰਦਰ) ਇਕ ਪਰਮਾਤਮਾ ਨਾਲ ਹੀ ਪਿਆਰ ਬਣਿਆ ਰਹਿੰਦਾ ਹੈ।1। ਰਹਾਉ।

ਹੇ ਭਾਈ! (ਪਰਮਾਤਮਾ ਦੇ ਨਾਮ ਤੋਂ ਬਿਨਾ ਅਸੀਂ ਜੀਵਾਂ ਦਾ) ਹੋਰ ਕੋਈ ਦੂਜਾ ਆਸਰਾ ਨਹੀਂ ਹੈ, ਪਰਮਾਤਮਾ ਦੇ ਨਾਮ ਤੋਂ ਬਿਨਾ (ਹੋਰ ਕੋਈ ਸਹਾਰਾ) ਨਹੀਂ ਹੈ। (ਹਰਿ-ਨਾਮ ਵਿਚ ਹੀ) ਸਾਰੀਆਂ ਸਿਧੀਆਂ ਹਨ ਸਾਰੇ ਸੁਖ ਹਨ। (ਨਾਮ ਜਪਣ ਦੀ ਬਰਕਤਿ ਨਾਲ) ਸਾਰੇ ਕੰਮ ਸਫਲ ਹੋ ਜਾਂਦੇ ਹਨ।1।

ਹੇ ਭਾਈ! (ਜਿਹੜਾ ਮਨੁੱਖ ਪਰਮਾਤਮਾ ਦੇ) ਨਾਮ ਵਿਚ ਜੁੜਦਾ ਹੈ (ਉਸ ਦਾ ਹਰੇਕ) ਦੁੱਖ ਦੂਰ ਹੋ ਜਾਂਦਾ ਹੈ (ਕਿਉਂਕਿ ਪਰਮਾਤਮਾ) ਸਰਨ ਪਏ ਮਨੁੱਖ ਦੀ ਰੱਖਿਆ ਕਰ ਸਕਣ ਵਾਲਾ ਹੈ। ਹੇ ਭਾਈ! ਜਿਸ ਮਨੁੱਖ ਨੂੰ ਧੁਰ ਦਰਗਾਹ ਤੋਂ (ਗੁਰੂ ਨਾਲ) ਮਿਲਾਪ ਦਾ ਅਵਸਰ ਮਿਲਦਾ ਹੈ, ਉਸ ਨੂੰ ਗੁਰੂ ਮਿਲ ਪੈਂਦਾ ਹੈ (ਤੇ, ਉਸ ਮਨੁੱਖ ਉੱਤੇ) ਜਮ (ਭੀ) ਜ਼ੋਰ ਨਹੀਂ ਪਾ ਸਕਦਾ।2।

ਹੇ ਭਾਈ! (ਆਪਣੇ) ਮਨ ਦੀਆਂ ਸਾਰੀਆਂ ਭਟਕਣਾਂ ਛੱਡੋ, ਅਤੇ ਦਿਨ ਰਾਤ ਸਦਾ ਪਰਮਾਤਮਾ ਦਾ ਨਾਮ ਜਪਦੇ ਰਹੋ। ਜਿਸ ਮਨੁੱਖ ਦੇ ਪੂਰੇ ਭਾਗ ਜਾਗਦੇ ਹਨ, ਉਸ ਨੂੰ ਗੁਰੂ ਦੀ ਸੰਗਤਿ ਵਿਚ ਪਰਮਾਤਮਾ ਮਿਲ ਪੈਂਦਾ ਹੈ।3।

ਹੇ ਦਾਸ ਨਾਨਕ! ਸਦਾ ਪਰਮਾਤਮਾ ਦਾ ਨਾਮ ਜਪਿਆ ਕਰ। ਪਰਮਾਤਮਾ ਹੀ ਮਾਂ ਪਿਉ ਮਿੱਤਰ ਭਰਾ ਹੈ। (ਪਰਮਾਤਮਾ ਦਾ ਨਾਮ ਜਪਿਆਂ) ਅਨੇਕਾਂ ਜਨਮਾਂ ਦੇ ਦੁੱਖ-ਕਲੇਸ਼ ਨਾਸ ਹੋ ਜਾਂਦੇ ਹਨ, (ਦੁੱਖਾਂ-ਕਲੇਸ਼ਾਂ ਤੋਂ) ਪਰਮਾਤਮਾ ਆਪ ਹੀ ਬਚਾ ਲੈਂਦਾ ਹੈ।4।1।13।